# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 21-07-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ 7 ਵਜੇ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ, ਵਿਸ਼ਵ ਵਿਰਾਸਤ ਕਮੇਟੀ ਦੇ 46ਵੇਂ ਸੈਸ਼ਨ ਦਾ ਉਦਘਾਟਨ ਅਤੇ ਆਏ ਹੋਏ ਮਹਿਮਾਨਾਂ ਨੂੰ ਸੰਬੋਧਨ ਕਰਨਗੇ। ਭਾਰਤ ਪਹਿਲੀ ਵਾਰ ਵਿਸ਼ਵ ਵਿਰਾਸਤ ਕਮੇਟੀ ਦੀ ਮੀਟਿੰਗ ਦੀ ਮੇਜ਼ਬਾਨੀ ਕਰ ਰਿਹਾ ਏ। ਵਿਸ਼ਵ ਵਿਰਾਸਤ ਕਮੇਟੀ ਸਾਲ ਵਿੱਚ ਇੱਕ ਵਾਰ ਮੀਟਿੰਗ ਕਰਦੀ ਏ ਅਤੇ ਵਿਸ਼ਵ ਵਿਰਾਸਤ ਨਾਲ ਸਬੰਧਤ ਸਾਰੇ ਮਾਮਲਿਆਂ ਦਾ ਪ੍ਰਬੰਧਨ ਕਰਦੀ ਏ ਅਤੇ ਨਾਲ ਹੀ ਵਿਸ਼ਵ ਵਿਰਾਸਤ ਸੂਚੀ ਵਿੱਚ ਸ਼ਾਮਲ ਕੀਤੀਆਂ ਜਾਣ ਵਾਲੀਆਂ ਪ੍ਰਮੁੱਖ ਥਾਵਾਂ ਬਾਰੇ ਫੈਸਲਾ ਕਰਦੀ ਏ।

---

ਸਪਤ ਸਿੰਧੂ ਮੰਚ ਵੱਲੋਂ ਕੱਲ ਪੰਜਾਬ ਯੂਨੀਵਰਸਿਟੀ ਵਿਖੇ, ਸਪਤ ਸਿੰਧੂ ਪਾਤਰ ਯਾਦਗਾਰੀ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਪੰਜਾਬ

ਅਤੇ ਚੰਡੀਗੜ੍ਹ ਦੇ ਪ੍ਰਸਿੱਧ ਸਾਹਿਤਕਾਰਾਂ ਅਤੇ ਸੁਰਜੀਤ ਪਾਤਰ ਨਾਲ ਸਬੰਧਤ ਕਈ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ । ਮਰਹੂਮ ਸਾਹਿਤਕਾਰ ਅਤੇ ਉਘੇ ਕਵੀ ਸੁਰਜੀਤ ਪਾਤਰ ਨੂੰ ਸ਼ਰਧਾਂਜਲੀ ਦੇਣ ਲਈ ਕਰਵਾਏ ਗਏ ਇਸ ਸਮਾਗਮ ਦੀ ਪ੍ਰਧਾਨਗੀ, ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਨੇ ਕੀਤੀ। ਆਪਣੇ ਸੰਬੋਧਨ ਵਿੱਚ ਰਾਜਪਾਲ ਨੇ ਸੁਰਜੀਤ ਪਾਤਰ ਦੀਆਂ ਅਨੇਕਾਂ ਰਚਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹ ਭਾਵੇਂ ਅੱਜ ਸਾਡੇ ਵਿੱਚ ਨਹੀਂ ਹਨ, ਪਰ ਉਨ੍ਹਾਂ ਦੀਆਂ ਰਚਨਾਵਾਂ ਨੇ ਉਨ੍ਹਾਂ ਨੂੰ ਅਮਰ ਕਰ ਦਿੱਤਾ ਏ। ਬਨਵਾਰੀ ਲਾਲ ਪੁਰੋਹਿਤ ਨੇ ਕਿਹਾ ਕਿ ਉਨ੍ਹਾਂ ਦੀਆਂ ਰਚਨਾਵਾਂ ਪ੍ਰੇਰਨਾ ਸਰੋਤ ਅਤੇ ਚਾਨਣ ਮੁਨਾਰੇ ਵਜੋਂ ਕੰਮ ਕਰਨਾ ਜਾਰੀ ਰੱਖਣਗੀਆਂ । ਰਾਜਪਾਲ ਨੇ ਆਪਣੇ ਸੰਬੋਧਨ ਦੌਰਾਨ ਪੰਜਾਬ ਦੇ ਸੱਭਿਆਚਾਰ ਅਤੇ ਪੰਜਾਬੀਆਂ ਦੇ ਖੁੱਲ੍ਹੇ ਸੁਭਾਅ ਦੀ ਸ਼ਲਾਘਾ ਵੀ ਕੀਤੀ। ਸਪਤ ਸਿੰਧੂ ਦੇ ਸੰਸਥਾਪਕ ਡਾ: ਵਰਿੰਦਰ ਗਰਗ ਦੀ ਪਹਿਲਕਦਮੀ 'ਤੇ ਕਰਵਾਏ ਇਸ ਸਮਾਗਮ ਦੌਰਾਨ ਸੁਰਜੀਤ ਪਾਤਰ ਦੇ ਪਰਿਵਾਰ ਅਤੇ

ਹੋਰ ਬੁੱਧੀਜੀਵੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ ਅਤੇ ਕਈ ਲੇਖਕਾਂ ਨੇ ਆਪਣੀਆਂ ਨਿੱਜੀ ਕਵਿਤਾਵਾਂ ਪੜ੍ਹ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ।

---------------------------------------------------------------

ਕੇਂਦਰ ਸਰਕਾਰ ਵਲੋਂ NEET-UG ਪੇਪਰ ਲੀਕ ਮਾਮਲੇ ਵਿਚ ਕੀਤੀ ਗਈ ਤੁਰੰਤ ਕਾਰਵਾਈ ਤੇ ਆਮ ਲੋਕ ਕਾਫੀ ਸੰਤੁਸ਼ਟ ਨੇ। ਮਾਨਸਾ ਤੋਂ ਨਹਿਰੂ ਯੁਵਾ ਕੇਂਦਰ ਦੇ ਸੇਵਾਮੁਕਤ ਅਧਿਕਾਰੀ ਸੰਦੀਪ ਘੰਡ ਦਾ ਕਹਿਣਾ ਏ, ਕਿ ਪੇਪਰ ਲੀਕ ਜਿਹੀਆਂ ਘਟਨਾਵਾਂ ਵਿਦਿਆਰਥੀਆਂ 'ਤੇ ਮਾੜਾ ਅਸਰ ਪਾਉਂਦੀਆਂ ਨੇ, ਸੋ ਇੰਨਾ ਨੂੰ ਭਵਿੱਖ ਵਿਚ ਰੋਕਿਆ ਜਾਣਾ ਲਾਜ਼ਮੀ ਏ।

---------------------------------------------------------------

ਮੋਗਾ ਜ਼ਿਲੇ ਦੇ ਪਿੰਡ ਸਿੰਘਾ ਵਾਲਾ ਵਿਖੇ 220 ਕੇਵੀ ਦੇ ਬਿਜਲੀ ਗਰਿੱਡ ਵਿੱਚ ਬੀਤੀ ਸ਼ਾਮ ਭਿਆਨਕ ਅੱਗ ਲਗ ਗਈ। ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ 5 ਤੋਂ 7 ਗੱਡੀਆਂ ਮੌਕੇ 'ਤੇ ਪਹੁੰਚੀਆਂ ਅਤੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਗਈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਫਾਇਰ ਬ੍ਰਿਗੇਡ ਅਧਿਕਾਰੀ ਜਗਤਾਰ ਸਿੰਘ ਨੇ

ਦੱਸਿਆ ਕਿ ਪਿੰਡ ਸਿੰਘਾਵਾਲਾ ਦੇ ਬਿਜਲੀ ਗਰਿੱਡ 'ਚ ਲੱਗੀ ਅੱਗ ਇੰਨੀ ਜ਼ਿਆਦਾ ਸੀ, ਕਿ ਫਾਇਰ ਬ੍ਰਿਗੇਡ ਦੀਆਂ ਪੰਜ ਗੱਡੀਆਂ ਨੂੰ ਅੱਗ 'ਤੇ ਕਾਬੂ ਪਾਉਣਾ ਮੁਸ਼ਕਿਲ ਹੋ ਰਿਹਾ ਸੀ, ਇਸ ਲਈ  ਮੋਗਾ, ਬਾਘਾ ਪੁਰਾਣਾ, ਫਰੀਦਕੋਟ, ਜਗਰਾਓ ਤੋਂ ਇਲਾਵਾ ਬਠਿੰਡਾ ਤੋਂ ਵੀ ਗੱਡੀਆਂ ਮੰਗਵਾਈਆਂ ਗਈਆਂ ਅਤੇ ਅਗ ਤੇ ਕਾਬੂ ਪਾਇਆ ਗਿਆ । ਗਰਿੱਡ ਅਧਿਕਾਰੀ ਨੇ ਦੱਸਿਆ ਕਿ ਗਰਿੱਡ ਚ ਲੱਗੀ ਅੱਗ ਕਾਰਨ, ਬੀਤੀ ਰਾਤ 25 ਕਿਲੋਮੀਟਰ  ਇਲਾਕੇ ਦੇ ਪਿੰਡਾਂ ਅਤੇ ਮੋਗਾ ਸ਼ਹਿਰ ਵਿਚ ਬਿਜਲੀ ਸਪਲਾਈ ਪ੍ਰਭਾਵਿਤ ਹੋਈ । ਫਿਲਹਾਲ ਬਿਜਲੀ ਵਿਭਾਗ ਵੱਲੋਂ ਖਰਾਬ ਗਰਿੱਡ ਨੂੰ ਵੱਖਰਾ ਕਰਕੇ, ਬਦਲਵੇਂ ਗਰਿੱਡਾਂ ਤੋਂ ਬਿਜਲੀ ਸਪਲਾਈ ਨਿਰਵਿਘਨ ਜਾਰੀ ਕਰ ਦਿੱਤੀ ਗਈ ਏ ।

---------------------------------------------------------------

ਸਮਾਜਿਕ ਸੁਰੱਖਿਆ ਔਰਤ  ਤੇ ਬਾਲ ਵਿਕਾਸ  ਮੰਤਰੀ ਬਲਜੀਤ ਕੌਰ ਨੇ ਅੱਜ ਫਰੀਦਕੋਟ ਦੇ, ਬਾਲ ਵਿਕਾਸ ਪ੍ਰੋਜੈਕਟ ਅਫਸਰ ਦੇ ਦਫਤਰ ਦਾ ਅਚਨਚੇਤ ਦੌਰਾ ਕੀਤਾ । ਉਹਨਾਂ ਕਿਹਾ ਕਿ ਇੱਕ ਵੀਡੀਓ ਰਾਹੀਂ ਉਹਨਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ, ਕਿ ਆਂਗਨਵਾੜੀ ਕੇਂਦਰਾਂ

ਵਿੱਚ ਬੱਚਿਆਂ ਅਤੇ ਗਰਭਵਤੀ ਔਰਤਾਂ ਨੂੰ ਦਿੱਤਾ ਜਾਣ ਵਾਲਾ ਖਾਣਾ ਸਹੀ ਗੁਣਵੱਤਾ ਦਾ ਨਹੀਂ ਹੁੰਦਾ ਅਤੇ ਅਜਿਹਾ ਖਾਣਾ ਖਾਣ ਨਾਲ ਉਹਨਾਂ ਦੀ ਸਿਹਤ ਤੇ ਬੁਰਾ ਪ੍ਰਭਾਵ ਪੈ ਰਿਹਾ ਏ।ਕੈਬਨਿਟ ਮੰਤਰੀ ਨੇ ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਨੂੰ ਵੰਡੀ ਜਾਂਦੀ ਖੁਰਾਕ ਦੀ ਜਾਂਚ ਕਰਕੇ ਇਸਤੇ ਤਸੱਲੀ ਪ੍ਰਗਟਾਈ । ਉਨਾਂ ਦੱਸਿਆ ਕਿ ਪੰਜਾਬ ਦੇ ਸਮੂਹ ਆਂਗਣਵਾੜੀ ਕੇਂਦਰਾਂ ਲਈ ਵਧੀਆ ਅਤੇ ਮਿਆਰੀ ਖੁਰਾਕ ਵਸਤੂਆਂ ਮਾਰਕਫੈੱਡ, ਪੰਜਾਬ ਰਾਹੀਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ ਅਤੇ ਇਹਨਾਂ ਦੀ ਗੁਣਵੱਤਾ ਦੀ ਜਾਂਚ ਸਬੰਧਤ ਜਿਲ੍ਹਾ ਪੱਧਰ ਤੇ ਜਿਲ੍ਹਾ ਪ੍ਰੋਗਰਾਮ ਅਫਸਰ ਅਤੇ ਬਾਲ ਵਿਕਾਸ ਪ੍ਰੋਜੈਕਟ ਅਫਸਰ, ਪੋਸ਼ਣ ਸਟਾਫ ਅਤੇ ਸੁਪਰਵਾਈਜਰਾਂ ਵੱਲੋਂ ਚੈੱਕ ਕਰਨ ਮਗਰੋਂ ਹੀ ਅੱਗੇ ਆਂਗਣਵਾੜੀ ਸੈਂਟਰਾਂ ਨੂੰ ਵੰਡ ਕੀਤੀ ਜਾਂਦੀ ਏ।

---------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ CBC ਜਲੰਧਰ ਵੱਲੋਂ ਕਾਨੂੰਨ ਦੇ ਵਿਦਿਆਰਥੀਆਂ ਵਿੱਚ 3 ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਬਾਬਾ

ਕੁੰਦਨ ਸਿੰਘ ਲਾ ਕਾਲਜ ਮੋਗਾ ਵਿਖੇ ਇੱਕ ਵਿਸ਼ੇਸ਼ ਇੰਟਰ-ਐਕਟਿਵ ਸੈਸ਼ਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਹਿਯੋਗ ਨਾਲ ਕਰਵਾਇਆ ਗਿਆ। ਕਾਲਜ ਦੀ ਵਿਦਿਆਰਥਣ ਹਰਮਨਦੀਪ ਕੌਰ ਦਾ ਕਹਿਣਾ ਏ ਕਿ ਇਸ ਸੈਸ਼ਨ ਦੌਰਾਨ ਮਿਲੀ ਜਾਣਕਾਰੀ ਉਨ੍ਹਾਂ ਲਈ ਬਹੁਤ ਲਾਭਦਾਇਕ ਸਾਬਿਤ ਹੋਵੇਗੀ।